ਵਡਹੰਸੁ ਮਹਲਾ ੩ ॥ ਸੋਹਾਗਣੀ ਸਦਾ ਮੁਖੁ ਉਜਲਾ ਗੁਰ ਕੈ ਸਹਜਿ ਸੁਭਾਇ ॥ ਸਦਾ ਪਿਰੁ ਰਾਵਹਿ ਆਪਣਾ ਵਿਚਹੁ ਆਪੁ ਗਵਾਇ ॥੧॥ ਮੇਰੇ ਮਨ ਤੂ ਹਰਿ ਹਰਿ ਨਾਮੁ ਧਿਆਇ ॥ ਸਤਗੁਰਿ ਮੋ ਕਉ ਹਰਿ ਦੀਆ ਬੁਝਾਇ ॥੧॥ ਰਹਾਉ ॥ ਦੋਹਾਗਣੀ ਖਰੀਆ ਬਿਲਲਾਦੀਆ ਤਿਨਾ ਮਹਲੁ ਨ ਪਾਇ ॥ ਦੂਜੈ ਭਾਇ ਕਰੂਪੀ ਦੂਖੁ ਪਾਵਹਿ ਆਗੈ ਜਾਇ ॥੨॥ ਗੁਣਵੰਤੀ ਨਿਤ ਗੁਣ ਰਵੈ ਹਿਰਦੈ ਨਾਮੁ ਵਸਾਇ ॥ ਅਉਗਣਵੰਤੀ ਕਾਮਣੀ ਦੁਖੁ ਲਾਗੈ ਬਿਲਲਾਇ ॥੩॥ ਸਭਨਾ ਕਾ ਭਤਾਰੁ ਏਕੁ ਹੈ ਸੁਆਮੀ ਕਹਣਾ ਕਿਛੂ ਨ ਜਾਇ ॥ ਨਾਨਕ ਆਪੇ ਵੇਕ ਕੀਤਿਅਨੁ ਨਾਮੇ ਲਇਅਨੁ ਲਾਇ ॥੪॥੪॥ {ਪੰਨਾ 559}

ਪਦਅਰਥ:- ਸੋਹਾਗਣੀ—ਸੁਹਾਗ-ਭਾਗ ਵਾਲੀਆਂ, ਪ੍ਰਭੂ-ਪਤੀ ਨੂੰ ਸਿਰ ਉਤੇ ਜੀਊਂਦਾ-ਜਾਗਦਾ ਜਾਣਨ ਵਾਲੀਆਂ। ਉਜਲਾ—ਰੋਸ਼ਨ। ਗੁਰ ਕੈ—ਗੁਰੂ ਦੇ ਸ਼ਬਦ ਦੀ ਬਰਕਤਿ ਨਾਲ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਪਿਰੁ—ਖਸਮ। ਰਾਵਹਿ—ਹਿਰਦੇ ਵਿਚ ਸੰਭਾਲ ਰੱਖਦੀਆਂ ਹਨ। ਆਪੁ—ਆਪਾ-ਭਾਵ।1।

ਸਤਗੁਰਿ—ਗੁਰੂ ਨੇ। ਮੋ ਕਉ—ਮੈਨੂੰ।1। ਰਹਾਉ।

ਖਰੀਆ—ਬਹੁਤ। ਮਹਲੁ—ਪ੍ਰਭੂ ਦੀ ਹਜ਼ੂਰੀ। ਕਰੂਪੀ—ਕੋਝੇ (ਆਤਮਕ) ਰੂਪ ਵਾਲੀਆਂ, ਕੋਝੇ ਆਤਮਕ ਜੀਵਨ ਵਾਲੀਆਂ। ਆਗੈ—ਪਰਲੋਕ ਵਿਚ। ਜਾਇ—ਜਾ ਕੇ।2।

ਰਵੈ—ਚੇਤੇ ਰੱਖਦੀ ਹੈ। ਵਸਾਇ—ਵਸਾ ਕੇ। ਕਾਮਣੀ—(ਜੀਵ-) ਇਸਤ੍ਰੀ।3।

ਭਤਾਰੁ—ਖਸਮ। ਵੇਕ—ਵਖ ਵਖ ਸੁਭਾਉ ਵਾਲੇ। ਕੀਤਿਅਨੁ—ਉਸ ਨੇ ਬਣਾ ਦਿੱਤੇ ਹਨ। ਨਾਮੇ—ਨਾਮ ਵਿਚ। ਲਇਅਨੁ ਲਾਇ—ਉਸ ਨੇ ਲਾ ਲਏ ਹਨ।4।

ਅਰਥ:- ਹੇ ਮੇਰੇ ਮਨ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ। ਗੁਰੂ ਨੇ ਮੈਨੂੰ ਹਰਿ-ਨਾਮ (ਸਿਮਰਨ) ਦੀ ਸੂਝ ਦੇ ਦਿੱਤੀ ਹੈ।1। ਰਹਾਉ।

ਹੇ ਭਾਈ! ਪ੍ਰਭੂ-ਪਤੀ ਨੂੰ ਸਿਰ ਉੱਤੇ ਜੀਊਂਦਾ-ਜਾਗਦਾ ਜਾਣਨ ਵਾਲੀਆਂ ਜੀਵ-ਇਸਤ੍ਰੀਆਂ ਦਾ ਮੂੰਹ ਸਦਾ ਰੌਸ਼ਨ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਆਤਮਕ ਅਡੋਲਤਾ ਵਿਚ ਤੇ ਪ੍ਰਭੂ-ਪ੍ਰੇਮ ਵਿਚ ਟਿਕੀਆਂ ਰਹਿੰਦੀਆਂ ਹਨ। ਉਹ ਆਪਣੇ ਅੰਦਰੋਂ ਆਪਾ-ਭਾਵ ਦੂਰ ਕਰ ਕੇ ਸਦਾ ਆਪਣੇ ਪ੍ਰਭੂ-ਪਤੀ ਨੂੰ ਹਿਰਦੇ ਵਿਚ ਸੰਭਾਲ ਰੱਖਦੀਆਂ ਹਨ।1।

ਪਰ ਛੁੱਟੜ ਜੀਵ-ਇਸਤ੍ਰੀਆਂ ਬਹੁਤ ਦੁਖੀ ਰਹਿੰਦੀਆਂ ਹਨ, ਉਹਨਾਂ ਨੂੰ ਪ੍ਰਭੂ ਦੀ ਹਜ਼ੂਰੀ ਨਸੀਬ ਨਹੀਂ ਹੁੰਦੀ। ਮਾਇਆ ਦੇ ਮੋਹ ਵਿਚ ਗ਼ਲਤਾਨ ਰਹਿਣ ਕਰ ਕੇ ਉਹ ਕੋਝੇ ਆਤਮਕ ਜੀਵਨ ਵਾਲੀਆਂ ਹੀ ਰਹਿੰਦੀਆਂ ਹਨ, ਪਰਲੋਕ ਵਿਚ ਜਾ ਕੇ ਭੀ ਉਹ ਦੁੱਖ ਹੀ ਸਹਾਰਦੀਆਂ ਹਨ।2।

ਗੁਣਾਂ ਵਾਲੀ ਜੀਵ-ਇਸਤ੍ਰੀ ਆਪਣੇ ਹਿਰਦੇ ਵਿਚ ਪ੍ਰਭੂ-ਨਾਮ ਵਸਾ ਕੇ ਸਦਾ ਪ੍ਰਭੂ ਦੇ ਗੁਣ ਯਾਦ ਕਰਦੀ ਰਹਿੰਦੀ ਹੈ। ਪਰ ਔਗੁਣਾਂ-ਭਰੀ ਜੀਵ-ਇਸਤ੍ਰੀ ਨੂੰ ਦੁੱਖ ਚੰਬੜਿਆ ਰਹਿੰਦਾ ਹੈ ਉਹ ਸਦਾ ਵਿਲਕਦੀ ਰਹਿੰਦੀ ਹੈ।3।

(ਪਰ ਇਹ ਇਕ ਅਚਰਜ ਖੇਡ ਹੈ) ਕੁਝ ਕਿਹਾ ਨਹੀਂ ਜਾ ਸਕਦਾ (ਕੋਈ ਸੁਹਾਗਣਾਂ ਹਨ ਕੋਈ ਦੋਹਾਗਣਾਂ ਹਨ, ਤੇ) ਸਭਨਾਂ ਦਾ ਖਸਮ ਇਕ ਪਰਮਾਤਮਾ ਮਾਲਕ ਹੀ ਹੈ। ਹੇ ਨਾਨਕ! ਪ੍ਰਭੂ ਨੇ ਆਪ ਹੀ ਜੀਵਾਂ ਨੂੰ ਵਖ ਵਖ ਸੁਭਾਵ ਵਾਲੇ ਬਣਾ ਦਿੱਤਾ ਹੈ, ਉਸ ਨੇ ਆਪ ਹੀ ਜੀਵ ਆਪਣੇ ਨਾਮ ਵਿਚ ਜੋੜੇ ਹੋਏ ਹਨ।4। 4।